ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਮੋਗਾ

# ਮੁੱਖ ਮੰਤਰੀ ਪੰਜਾਬ ਕੈਂਸਰ ਰਾਹਤ ਕੋਸ਼ ਸਕੀਮ ਤਹਿਤ ਬੀਤੇ ਸਾਲ ਜ਼ਿਲ੍ਹੇ ਦੇ 303 ਵਿਅਕਤੀਆਂ ਨੂੰ 4,18,89,800 ਰੁਪਏ ਦੀ ਦਿੱਤੀ ਗਈ ਸਹਾਇਤਾ-ਪਰਮਿੰਦਰ ਸਿੰਘ ਗਿੱਲ

- **ਮੁੱਖ ਮੰਤਰੀ ਪੰਜਾਬ ਵੱਲੋਂ ਚਲਾਈ ਇਸ ਸਕੀਮ ਦਾ ਲਾਭ ਲੈਣ ਲਈ ਕੈਂਸਰ ਦੇ ਮਰੀਜ਼ਾਂ ਨੂੰ ਕੀਤੀ ਅਪੀਲ**
- **ਕੈਂਸਰ ਦੇ ਮਰੀਜ਼ ਨੂੰ 1.50 ਲੱਖ ਰੁਪਏ ਤੱਕ ਦੀ ਦਿੱਤੀ ਜਾ ਰਹੀ ਹੈ ਮਾਲੀ ਸਹਾਇਤਾ**

ਮੋਗਾ 21 ਜਨਵਰੀ:

ਮੁੱਖ ਮੰਤਰੀ ਪੰਜਾਬ ਕੈਂਸਰ ਰਾਹਤ ਕੋਸ਼ ਸਕੀਮ ਤਹਿਤ ਬੀਤੇ ਸਾਲ-2015 ਦੌਰਾਨ ਜ਼ਿਲ੍ਹੇ ਦੇ 303 ਵਿਅਕਤੀਆਂ ਨੂੰ ਕੈਂਸਰ ਵਰਗੀ ਨਾਮੁਰਾਦ ਬਿਮਾਰੀ ਦਾ ਇਲਾਜ ਕਰਾਉਣ ਲਈ 4 ਕਰੋੜ 18 ਲੱਖ 89 ਹਜ਼ਾਰ 800 ਰੁਪਏ ਦੀ ਸਹਾਇਤਾ ਪ੍ਰਦਾਨ ਕੀਤੀ ਗਈ.

ਇਹ ਜਾਣਕਾਰੀ ਡਿਪਟੀ ਕਮਿਸ਼ਨਰ ਮੋਗਾ ਸ. ਪਰਮਿੰਦਰ ਸਿੰਘ ਗਿੱਲ ਨੇ ਦਿੱਤੀ। ਇਸ ਮੌਕੇ ਸਿਵਲ ਸਰਜਨ ਮੋਗਾ ਡਾ: ਜੱਜਬੀਰ ਸਿੰਘ ਸੰਧੂ ਅਤੇ ਡਾ: ਮੁਨੀਸ਼ ਅਰੋੜਾ ਵੀ ਮੌਜੂਦ ਸਨ।

ਇਸ ਸਬੰਧੀ ਵਿਸਥਾਰ-ਪੂਰਵਿਕ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਮੋਗਾ 'ਚ ਮੁੱਖ ਮੰਤਰੀ ਰਾਹਤ ਕੋਸ਼ ਸਕੀਮ ਤਹਿਤ ਜੂਨ 2011 ਤੋਂ 31 ਦਸੰਬਰ, 2015 ਤੱਕ 1,179 ਮਰੀਜ਼ਾਂ ਨੂੰ 14 ਕਰੋੜ 40 ਲੱਖ 56 ਹਜ਼ਾਰ 113 ਰੁਪਏ ਦੀ ਮਾਲੀ ਸਹਾਇਤਾ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਜੂਨ 2011 ਤੋਂ ਦਸੰਬਰ, 2012 ਤੱਕ 288 ਮਰੀਜ਼ਾਂ ਨੂੰ ਇਸ ਸਕੀਮ ਤਹਿਤ 2 ਕਰੋੜ 89 ਲੱਖ 71 ਹਜ਼ਾਰ 501 ਰੁਪਏ ਦੀ ਆਰਥਿਕ ਸਹਾਇਤਾ ਦਿੱਤੀ ਗਈ। ਇਸੇ ਤਰ੍ਹਾਂ 1 ਜਨਵਰੀ, 2013 ਤੋਂ 31 ਦਸੰਬਰ, 2013 ਤੱਕ 193 ਮਰੀਜ਼ਾਂ ਨੂੰ 1 ਕਰੋੜ 89 ਲੱਖ 05 ਹਜ਼ਾਰ 837 ਰੁਪਏ, 1 ਜਨਵਰੀ, 2014 ਤੋਂ 31 ਦਸੰਬਰ, 2014 ਤੱਕ 395 ਮਰੀਜ਼ਾਂ ਨੂੰ 5 ਕਰੋੜ 42 ਲੱਖ 88 ਹਜ਼ਾਰ 975 ਰੁਪਏ ਅਤੇ 1 ਜਨਵਰੀ, 2015 ਤੋਂ 31 ਦਸੰਬਰ, 2015 ਤੱਕ 303 ਮਰੀਜ਼ਾਂ ਦੀ 4 ਕਰੋੜ 18 ਲੱਖ 89 ਹਜ਼ਾਰ 800 ਰੁਪਏ ਦੀ ਮਾਲੀ ਸਹਾਇਤਾ ਕਰਕੇ ਕੈਂਸਰ ਦੀ ਬੀਮਾਰੀ ਦਾ ਇਲਾਜ ਕਰਵਾਇਆ ਗਿਆ। ਉਨ੍ਹਾਂ ਇਹ ਵੀ ਦੱਸਿਆ ਕਿ ਕੈਂਸਰ ਦੀ ਬਿਮਾਰੀ ਲਈ ਵੱਧ ਤੋਂ ਵੱਧ 1.50 ਲੱਖ ਰੁਪਏ ਦੀ ਮਾਲੀ ਸਹਾਇਤਾ ਪ੍ਰਾਪਤ ਕੀਤੀ ਜਾ ਸਕਦੀ ਹੈ ਅਤੇ ਕੈਂਸਰ ਦੇ ਸਾਰੇ ਮਰੀਜ਼ ਇਸ ਯੋਜਨਾ ਦਾ ਫ਼ਾਇਦਾ ਪ੍ਰਾਪਤ ਕਰ ਸਕਦੇ ਹਨ, ਬਸ਼ਰਤੇ ਕਿ ਸਬੰਧਤ ਵਿਅਕਤੀ ਨੇ ਇਸ ਬਿਮਾਰੀ ਦੇ ਇਲਾਜ ਲਈ ਕਿਸੇ ਹੋਰ ਸਾਧਨ ਜਿਵੇਂ ਕਿ ਬੀਮਾ ਕੰਪਨੀ ਆਦਿ ਤੋਂ ਇਸ ਬਿਮਾਰੀ ਲਈ ਵਿੱਤੀ ਸਹਾਇਤਾ ਪ੍ਰਾਪਤ ਨਾ ਕੀਤੀ ਹੋਵੇ। ਉਨ੍ਹਾਂ ਮੁੱਖ ਮੰਤਰੀ ਪੰਜਾਬ ਵੱਲੋਂ ਚਲਾਈ ਇਸ ਸਕੀਮ ਦਾ ਲਾਭ ਲੈਣ ਲਈ ਕੈਂਸਰ ਦੇ ਮਰੀਜ਼ਾਂ ਨੂੰ ਅਪੀਲ ਕੀਤੀ ਉਨ੍ਹਾਂ ਕਿਹਾ ਕਿ ਕੈਂਸਰ ਤੋਂ ਬਚਣ ਲਈ ਤੰਬਾਕੂ ਦੇ ਉਤਪਾਦਾਂ ਅਤੇ ਸਿਗਰਟ-ਨੋਸ਼ੀ ਤੋ ਬਚਿਆ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਕੈਂਸਰ ਤੋਂ ਬਚਣ ਲਈ ਕੀਟ-ਨਾਸ਼ਕ ਦਵਾਈਆਂ ਆਦਿ ਦਾ ਜਿਆਦਾ ਇਸਤੇਮਾਲ ਨਾ ਕੀਤਾ ਜਾਵੇ, ਜੰਕ ਫੂਡ ਦਾ ਘੱਟ ਤੋਂ ਘੱਟ ਇਸਤੇਮਾਲ ਕੀਤਾ ਜਾਵੇ ਅਤੇ ਪ੍ਰਤੀਬੰਧਤ ਫੂਡ ਕਲਰ ਤੇ ਸਕਰੀਨ ਆਦਿ ਤੋਂ ਪ੍ਰਹੇਜ਼ ਕੀਤਾ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਚੰਗੀ ਸਿਹਤ ਲਈ ਨਿਯਮਤ ਕਸਰਤ ਕੀਤੀ ਜਾਵੇ ਅਤੇ ਮੈਡੀਟੇਸ਼ਨ ਜਰੂਰ ਕੀਤੀ ਜਾਵੇ।

ਸਿਵਲ ਸਰਜਨ ਮੋਗਾ ਡਾ: ਜੱਜਬੀਰ ਸਿੰਘ ਸੰਧੂ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਲਾਭ ਪ੍ਰਾਪਤ ਕਰਨ ਹਿੱਤ ਮਰੀਜ਼ ਪੰਜਾਬ ਦਾ ਵਸਨੀਕ ਹੋਣਾ ਜਰੂਰੀ ਹੈ, ਜਿਸ ਲਈ ਰਾਸ਼ਨ ਕਾਰਡ/ਵੋਟਰ ਕਾਰਡ/ਡਰਾਇਵਿੰਗ ਲਾਇਸੰਸ/ਪਾਸਪੋਰਟ ਦੀ ਕਾਪੀ ਲਗਾਈ ਜਾ ਸਕਦੀ ਹੈ। ਕੈਂਸਰ ਦੀ ਪਹਿਚਾਣ/ਪੁਸ਼ਟੀ ਕਰਨ ਸਬੰਧੀ ਲੈਬਾਰਟਰੀ ਵੱਲੋਂ ਬਾਇਆਪਸੀ ਟੈਸਟ ਦੀ ਰਿਪੋਰਟ ਅਤੇ ਜਿਸ ਹਸਪਤਾਲ ਤੋਂ ਮਰੀਜ ਦਾ ਇਲਾਜ ਚੱਲ ਰਿਹਾ ਹੈ ਜਾਂ ਕਰਵਾਉਣਾ ਹੈ, ਵੱਲੋਂ ਇਲਾਜ ਦੇ ਖਰਚੇ ਦਾ ਐਸਟੀਮੇਟ ਅਤੇ ਸਬੰਧਤ ਡਾਕਟਰ ਪਾਸੋਂ ਤਸਦੀਕ-ਸ਼ੁਦਾ ਦੋ ਪਾਸਪੋਰਟ ਸਾਈਜ ਫੋਟੋਆਂ ਨਿਰਧਾਰਤ ਬਿਨੈ ਪੱਤਰ ਸਮੇਤ ਜ਼ਿਲ੍ਹਾ ਪੱਧਰੀ ਕਮੇਟੀ ਪਾਸ ਪੇਸ਼ ਕਰਨੀਆਂ ਜਰੂਰੀ ਹਨ। ਇਸ ਤੋਂ ਇਲਾਵਾ ਸਬੰਧਤ ਮਰੀਜ਼ ਇੱਕ ਸਵੈ-ਘੋਸ਼ਣਾ ਪੱਤਰ ਵੀ ਬਿਨੈ ਪੱਤਰ ਦੇ ਨਾਲ ਲਗਾ ਕੇ ਦੇਵੇਗਾ ਕਿ ਉਸ ਨੇ ਇਸ ਬਿਮਾਰੀ ਲਈ ਕਿਸੇ ਹੋਰ ਸਾਧਨ ਤੋਂ ਵਿੱਤੀ ਸਹਾਇਤਾ ਪ੍ਰਾਪਤ ਨਹੀਂ ਕੀਤੀ।ਉਨ੍ਹਾਂ ਇਹ ਵੀ ਦੱਸਿਆ ਕਿ ਨਿਰਧਾਰਤ ਪ੍ਰੋਫਾਰਮਾ ਸਾਰੀਆਂ ਸਿਹਤ ਸੰਸਥਾਵਾਂ, ਜ਼ਿਲ੍ਹਾ ਹਸਪਤਾਲ, ਸਬ ਡਵੀਜ਼ਨ ਪੱਧਰ ਦੇ ਹਸਪਤਾਲ, ਸਾਰੇ ਕਮਿਊਨਿਟੀ ਸਿਹਤ ਕੇਂਦਰਾਂ ਵਿੱਚ ਉਪਲਬਧ ਹੈ ਅਤੇ ਇਹ ਪ੍ਰੋਫਾਰਮਾ ਸਿਹਤ ਵਿਭਾਗ ਦੀ ਵੈਬਸਾਈਟ www.pbhealth.gov.in ਤੋਂ ਡਾਊਨਲੋਡ ਵੀ ਕੀਤਾ ਜਾ ਸਕਦਾ ਹੈ।

ਨੰ: ਪੀ.ਆਰ(ਪ੍ਰੈ ਰੀ)2016/33